19-Oct-Punjab-3Star.qxd 10/19/2025 7:25 PM Page 5

ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

ਭਾਦਸੋਂ, 19 ਅਕਤੂਬਰ (ਗੁਰਬਖ਼ਸ਼ ਸਿੰਘ ਵੜੈਚ)-ਥਾਣਾ ਭਾਦਸੋਂ ਦੇ ਪਿੰਡ ਜਾਤੀਵਾਲ ਨਜ਼ਦੀਕ ਆਵਾਰਾ ਪਸ਼ੂ ਕਾਰਨ ਵਾਪਰੇ ਸੜਕ ਹਾਦਸੇ ਵਿਚ ਇਕ 32 ਸਾਲ ਦੇ ਨੌਜਵਾਨ ਦੀ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਜਗਤਾਰ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਚਹਿਲ ਆਪਣੀ ਭੈਣ ਨੂੰ ਮਿਲ ਕੇ ਮੋਟਰਸਾਈਕਲ 'ਤੇ ਪਟਿਆਲੇ ਤੋਂ ਵਾਪਸ ਆਪਣੇ ਪਿੰਡ ਚਹਿਲ ਨੂੰ ਆ ਰਿਹਾ ਸੀ ਤਾਂ ਜਾਤੀਵਾਲ ਨੇੜੇ ਇਕ ਆਵਾਰਾ ਪਸ਼ੂ ਦੇ ਅੱਗੇ ਆ ਜਾਣ ਕਾਰਨ ਮੋਟਰਸਾਈਕਲ ਸਵਾਰ ਜਗਤਾਰ ਸਿੰਘ ਆਪਣਾ ਸੰਤੁਲਨ ਖੋਹ ਕੇ ਬਿਜਲੀ ਦੇ ਖੰਭੇ ਵਿਚ ਜਾ ਲੱਗਣ ਕਰਕੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਥਾਣਾ ਭਾਦਸੋਂ ਵਲੋਂ ਕਾਰਵਾਈ ਕਰਦੇ ਹੋਏ ਮ੍ਰਿਤਕ ਦੀ ਲਾਸ਼ ਪੋਸਟਮਾਰਟਮ ਲਈ ਨਾਭਾ ਵਿਖੇ ਭੇਜ ਕੇ ਅਗਲੀ ਕਾਰਵਾਈ ਆਰੰਭ ਦਿੱਤੀ ਗਈ ਹੈ।

ਏਸ਼ੀਅਨ ਗਰੁੱਪ ਆਫ ਕਾਲਜ ਵਿਖੇ ਮਨਾਏ ਦੀਵਾਲੀ ਦੇ ਤਿਉਹਾਰ ਦਾ ਇਕ ਦ੍ਰਿਸ਼। ਅਜੀਤ ਤਸਵੀਰ

ਏਸ਼ੀਅਨ ਗਰੁੱਪ ਆਫ ਕਾਲਜ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਪਟਿਆਲਾ, 19 ਅਕਤੂਬਰ (ਗੁਰਵਿੰਦਰ ਸਿੰਘ ਔਲਖ)-ਏਸ਼ੀਅਨ ਗਰੁੱਪ ਆਫ ਕਾਲਜ ਪਟਿਆਲਾ ਵਿਖੇ ਕੰਪਿਊਟਰ ਸਾਇੰਸ ਵਿਭਾਗ ਵਲੋਂ ਚੈਅਰਮੇਨ ਤਰਸੇਮ ਸੈਣੀ ਅਤੇ ਪ੍ਰਿੰਸੀਪਲ ਡਾ. ਮੀਨੂੰ ਸਿੰਘ ਸਚਾਨ ਦੀ ਅਗਵਾਈ ਹੇਠ ਦੀਵਾਲੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੀਵਿਆਂ ਦੀ ਰੌਸ਼ਨੀ ਨਾਲ ਕੀਤੀ ਗਈ। ਪ੍ਰਿੰਸੀਪਲ ਡਾ. ਮੀਨੂੰ ਸਿੰਘ ਸਚਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਅਤੇ ਸਟਾਫ਼ ਨਾਲ ਰੌਸ਼ਨੀ ਦੇ ਤਿਉਹਾਰ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ ਦੀ ਸ਼ੁਰੂਆਤ ਬਾਲੀਵੁੱਡ ਡਾਂਸ, ਰੰਗੋਲੀ, ਦੀਵੇ ਬਣਾਉਣ ਅਤੇ ਮੋਮਬਤੀਆਂ ਬਣਾਉਣ ਦੀਆਂ ਗਤੀਵਿਧੀਆਂ ਅਤੇ ਪੱਗ ਬੰਨ੍ਹਣ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਦਿਖਾਇਆ। ਬਾਲੀਵੁੱਡ ਵਿਚੋਂ ਬੀ.ਸੀ.ਏ (ਭਾਗ ਤੀਜਾ) ਅੰਮ੍ਰਿਤ, ਪਹਿਲਾ ਸਥਾਨ ਬੀ.ਸੀ.ਏ (ਭਾਗ ਦੂਜਾ) ਪੂਜਾ, ਦੂਜਾ ਸਥਾਨ ਬੀ.ਸੀ.ਏ (ਭਾਗ ਪਹਿਲਾ) ਗੁਰਮੁਖ ਸਿੰਘ ਨੇ ਪ੍ਰਾਪਤ ਕੀਤਾ। ਸਾਰੇ ਪ੍ਰੋਗਰਾਮ ਵਿਚੋਂ ਸਭ ਤੋਂ ਵਧੀਆ ਪੇਸ਼ਕਾਰੀ ਵਿਚ ਕੁੜੀਆਂ ਵਿਚੋਂ ਰਮਨਦੀਪ ਕੌਰ, ਬੀ.ਕਾਮ (ਭਾਗ ਦੂਜਾ) ਅਤੇ ਮੁੰਡਿਆਂ ਵਿਚੋਂ ਵਧੀਆ ਪੇਸ਼ਕਾਰੀ ਵਿਚੋਂ ਸਮਰ, ਬੀ.ਸੀ.ਏ (ਭਾਗ ਤੀਜਾ) ਨੇ ਪ੍ਰਾਪਤ ਕੀਤਾ। ਰੰਗੋਲੀ ਬਣਾਉਣ ਦੀ ਗਤੀਵਿਧੀ ਵਿਚ ਪਹਿਲਾ ਸਥਾਨ ਸਨੇਹਾ ਦੀ ਟੀਮ ਨੇ ਪ੍ਰਾਪਤ ਕੀਤਾ ਅਤੇ ਦੂਜਾ ਸਥਾਨ ਕੀਰਤੀ ਦੀ ਟੀਮ ਨੇ ਪ੍ਰਾਪਤ ਕੀਤਾ। ਦੀਵੇ ਅਤੇ ਮੋਮਬਤੀਆਂ ਬਣਾਉਣ ਦੀ ਪ੍ਰਤੀਯੋਗਤਾ ਵਿਚ ਪਹਿਲਾ ਸਥਾਨ ਨੈਨਸੀ, ਬੀ.ਐਸ.ਸੀ (ਭਾਗ-ਤੀਜਾ) ਅਤੇ ਦੂਜਾ ਸਥਾਨ ਜਸਨੀਤ ਅਤੇ ਨਵਦੀਪ ਬੀ.ਕਾਮ (ਭਾਗ-ਤੀਜਾ) ਅਤੇ ਸੁਖਪ੍ਰੀਤ, ਬੀ.ਬੀ.ਏ (ਭਾਗ-ਪਹਿਲਾ) ਨੇ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਫਨ ਗਤੀਵਿਧੀ ਵਿਚ ਕਰਨ, ਬੀ.ਏ. (ਭਾਗ-ਤੀਜਾ) ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਆਕਾਸ਼, ਬੀ.ਏ. (ਭਾਗ-ਪਹਿਲਾ) ਪਹਿਲਾ ਸਥਾਨ ਪ੍ਰਾਪਤ ਕੀਤਾ।

15 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ

ਰਾਜਪੁਰਾ, 19 ਅਕਤੂਬਰ (ਜੀ.ਪੀ. ਸਿੰਘ)-ਥਾਣਾ ਸ਼ੰਭੂ ਦੀ ਪੁਲਿਸ ਨੇ ਇਕ ਵਿਅਕਤੀ ਨੂੰ 15 ਗ੍ਰਾਮ ਹੈਰੋਇਨ ਗ੍ਰਿਫ਼ਤਾਰ ਕਰ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣਾ ਸ਼ੰਭੂ ਦੇ ਮੁੱਖ ਅਫ਼ਸਰ ਇੰਸਪੈਕਟਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਹੌਲਦਾਰ ਜਗਰੂਪ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਕਰਦੇ ਹੋਏ ਜਦੋਂ ਪਿੰਡ ਬੀਪੁਰ ਨੇੜੇ ਪਹੁੰਚੇ ਤਾਂ ਇਕ ਵਿਅਕਤੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਜਦੋਂ ਉਸ ਦੀ ਤਲਾਸ਼ੀ ਕੀਤੀ ਤਾਂ ਉਕਤ ਵਿਅਕਤੀ ਦੇ ਕਬਜ਼ੇ ਵਿਚੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਪਾਰਟੀ ਨੇ ਉਕਤ ਵਿਅਕਤੀ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਜਦੋਂ ਮੁੱਢਲੀ ਪੁਛਗਿੱਛ ਕੀਤੀ ਤਾਂ ਉਸ ਨੇ ਆਪਣੀ ਪਹਿਚਾਣ ਤੇਜਿੰਦਰ ਸਿੰਘ ਵਾਸੀ ਪਿੰਡ ਚਤਰਨਗਰ ਥਾਣਾ ਸ਼ੰਭੂ ਵਜੋਂ ਦੱਸੀ। ਥਾਣਾ ਸ਼ੰਭੂ ਦੀ ਪੁਲਿਸ ਨੇ ਤੇਜਿੰਦਰ ਸਿੰਘ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਫਿਊਚਰ ਫੂਡ ਫੇਅਰ ਦੌਰਾਨ ਅਧਿਆਪਕ ਅਤੇ ਬੱਚੇ। ਅਜੀਤ ਤਸਵੀਰ

ਪੋਡਾਰ ਇੰਟਰਨੈਸ਼ਨਲ ਸਕੂਲ ਵਿਖੇ ਫੂਡ ਫੇਅਰ ਦਾ ਆਯੋਜਨ

ਪਟਿਆਲਾ, 19 ਅਕਤੂਬਰ (ਧਰਮਿੰਦਰ ਸਿੰਘ ਸਿੱਧੂ)-ਪੋਡਾਰ ਇੰਟਰਨੈਸ਼ਨਲ ਸਕੂਲ ਪਟਿਆਲਾ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਾਲ ਹੀ ਵਿਚ "ਸਸਟੇਨ-ਏ-ਬਾਈਟ ਫਿਊਚਰ ਫੂਡ ਫੇਅਰ" ਦਾ ਆਯੋਜਨ ਕੀਤਾ। ਇਸ ਦੌਰਾਨ ਮਾਪੇ ਵੀ ਪਹੁੰਚੇ ਅਤੇ ਵਿਦਿਆਰਥੀਆਂ ਦੁਆਰਾ ਤਿਆਰ ਕੀਤੀਆਂ ਸਥਿਰ ਅਤੇ ਨਵੀਨਤਮ ਭੋਜਨ ਪਕਵਾਨਾਂ ਦਾ ਆਨੰਦ ਮਾਣਿਆ। ਇਸ ਕਾਰਜ-ਕਰਮ ਦਾ ਮਕਸਦ ਹਰ ਰੋਜ ਦੀਆਂ ਖਾਦ ਚੋਣਾਂ ਦੇ ਵਾਤਾਵਰਨ 'ਤੇ ਪੈਣ ਵਾਲੇ ਪ੍ਰਭਾਵ ਬਾਰੇ ਜਾਗਰੂਕਤਾ ਵਧਾਉਣਾ ਅਤੇ ਭੋਜਨ ਬਰਬਾਦੀ ਘਟਾਉਣ, ਖਾਦ ਸੁਰੱਖਿਆ ਨੂੰ ਵਧਾਉਣ ਅਤੇ ਸਥਿਰ ਖਾਣ-ਪੀਣ ਦੀਆਂ ਆਦਤਾਂ ਨੂੰ ਪ੍ਰੋਤਸਾਹਿਤ ਕਰਨ ਲਈ ਪ੍ਰਯੋਗਸ਼ੀਲ ਕਦਮ ਦਰਸਾਉਣਾ ਸੀ। ਇਹ ਮੌਕਾ ਵਿਦਿਆਰਥੀਆਂ ਲਈ ਆਪਣੇ ਥੀਮ ਮਾਡਿਊਲ ਤੋਂ ਸਿੱਖਿਆ ਦਰਸਾਉਣ ਅਤੇ ਰਚਨਾਤਮਿਕਤਾ, ਟੀਮ ਵਰਕ ਅਤੇ ਸਮਾਜਿਕ ਜ਼ਿੰਮੇਵਾਰੀ ਦਿਖਾਉਣ ਲਈ ਵੀ ਇਕ ਵਧੀਆ ਮੰਚ ਸਾਬਤ ਹੋਇਆ। ਪੋਡਾਰ ਇੰਟਰਨੈਸ਼ਨਲ ਸਕੂਲ ਵਿਚ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨਿਯਮਤ ਤੌਰ 'ਤੇ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਵਿਦਿਆਰਥੀਆਂ ਵਿਚ ਅਨੁਭਵਾਤਮਕ ਸਿੱਖਿਆ, ਵਾਤਾਵਰਨ ਬਾਰੇ ਜਾਗਰੂਕਤਾ ਅਤੇ ਸਮੁੱਚੀ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾ ਸਕੇ।

'ਦ ਮਿਲੇਨੀਅਮ ਸਕੂਲ ਦੀ ਵਿਦਿਆਰਥਣ ਅਰਸਨੂਰ ਦਾ ਸਨਮਾਨ ਕਰਦੇ ਹੋਏ। ਅਜੀਤ ਤਸਵੀਰ

ਮੋਹਾਲੀ 'ਚ ਹੋਈ ਸਟੇਟ ਚੈਂਪੀਅਨਸ਼ਿਪ ਵਿਚ ਦ ਮਿਲੇਨੀਅਮ ਸਕੂਲ ਦੀ ਅਰਸਨੂਰ ਨੇ ਤੀਜਾ ਸਥਾਨ ਕੀਤਾ ਹਾਸਿਲ

ਪਟਿਆਲਾ, 19 ਅਕਤੂਬਰ (ਧਰਮਿੰਦਰ ਸਿੰਘ ਸਿੱਧੂ)-'ਦ ਮਿਲੇਨੀਅਮ ਸਕੂਲ' ਪਟਿਆਲਾ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਅਰਸਨੂਰ ਨੇ ਸਕੂਲ ਅਤੇ ਸ਼ਹਿਰ ਦਾ ਨਾਮ ਰੌਸ਼ਨ ਕਰਦਿਆਂ ਵੱਡੀ ਪ੍ਰਾਪਤੀ ਦਰਜ ਕੀਤੀ ਹੈ। ਅਰਸਨੂਰ ਨੇ ਹਾਲ ਹੀ ਵਿਚ ਮੋਹਾਲੀ ਵਿਖੇ ਆਯੋਜਿਤ ਹੋਈ ਸਟੇਟ ਚੈਂਪੀਅਨਸ਼ਿਪ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਤੀਜਾ ਸਥਾਨ ਹਾਸਲ ਕੀਤਾ ਹੈ। ਇਸ ਪ੍ਰਾਪਤੀ ਨੇ ਅਰਸਨੂਰ ਦੀ ਲਗਨ, ਮਿਹਨਤ ਅਤੇ ਖੇਡ ਪ੍ਰਤੀ ਉਸ ਦੀ ਸਮਰਪਣ ਭਾਵਨਾ ਨੂੰ ਸਿੱਧ ਕਰ ਦਿੱਤਾ ਹੈ। ਸਕੂਲ ਦੇ ਪ੍ਰਿੰਸੀਪਲ ਹਰਪ੍ਰੀਤ ਪੰਧੇਰ ਨੇ ਅਰਸਨੂਰ ਨੂੰ ਇਸ ਉੱਤਮ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਭਵਿੱਖ ਵਿਚ ਹੋਰ ਉੱਚੀਆਂ ਮੰਜ਼ਿਲਾਂ ਨੂੰ ਛੂਹਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਅਰਸਨੂਰ ਦੀ ਇਹ ਜਿੱਤ ਬਾਕੀ ਵਿਦਿਆਰਥੀਆਂ ਲਈ ਪ੍ਰੇਰਣਾ ਸਰੋਤ ਹੈ। ਸਕੂਲ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਅਰਸਨੂਰ ਨੂੰ ਵਧਾਈ ਦਿੱਤੀ ਅਤੇ ਉਸ ਦੇ ਅਗਲੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੁੜਾ ਨੇੜੇ ਦੇਵੀਗੜ੍ਹ ਵਿਖੇ ਗੀਤ ਪੇਸ਼ ਕਰਦੀਆਂ ਕੁੜੀਆਂ। ਅਜੀਤ ਤਸਵੀਰ

ਮਾਤਾ ਗੁਜਰੀ ਸਕੂਲ 'ਚ ਦੀਵਾਲੀ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਸਮਾਗਮ ਕਰਾਇਆ

ਦੇਵੀਗੜ੍ਹ, 19 ਅਕਤੂਬਰ (ਰਾਜਿੰਦਰ ਸਿੰਘ ਮੌਜੀ)-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ ਵਲੋਂ ਅੱਜ ਖ਼ੁਸ਼ੀਆਂ ਅਤੇ ਰੌਸ਼ਨੀ ਦੇ ਤਿਉਹਾਰ ਦੀਵਾਲੀ ਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਸਮਾਗਮ ਕਰਾਇਆ ਗਿਆ। ਜਿਸ ਦੀ ਸ਼ੁਰੂਆਤ ਗਾਇਤਰੀ ਮੰਤਰ ਅਤੇ ਸ਼ਬਦ ਨਾਲ ਹੋਈ। ਇਸ ਮੌਕੇ ਸਕੂਲ ਪ੍ਰਬੰਧਕਾਂ ਵਲੋਂ ਸਮਾਂ ਰੌਸ਼ਨ ਕਰਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਪ੍ਰੀ-ਨਰਸਰੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਸ੍ਰੀ ਰਾਮ ਚੰਦਰ ਜੀ ਦੇ ਜੀਵਨ ਨਾਲ ਸੰਬੰਧਿਤ ਸੁੰਦਰ ਝਾਕੀਆਂ, ਦੇਸ ਭਗਤੀ ਦੇ ਗੀਤ, ਕਵਿਤਾਵਾਂ, ਭਜਨ ਅਤੇ ਭਾਸਣ ਪੇਸ਼ ਕੀਤੇ। ਇਸ ਸਮਾਗਮ ਦੌਰਾਨ ਚਾਰ ਹਾਊਸਾਂ ਦੇ ਵਿਦਿਆਰਥੀਆਂ ਵਿਚਕਾਰ ਰੰਗੋਲੀ ਅਤੇ ਵਾਲੀਬਾਲ ਦੇ ਦਿਲਚਸਪ ਮੁਕਾਬਲੇ ਵੀ ਕਰਵਾਏ ਗਏ। ਰੰਗੋਲੀ ਮੁਕਾਬਲਿਆਂ ਵਿਚ ਸਾਹਿਬਜ਼ਾਦਾ ਅਜੀਤ ਸਿੰਘ ਜੀ ਹਾਊਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਸਾਹਿਬਜ਼ਾਦਾ ਫਤਿਹ ਸਿੰਘ ਜੀ ਹਾਊਸ ਨੇ ਦੂਜਾ ਸਥਾਨ

ਤਿਉਹਾਰ ਸਾਡੇ ਸੱਭਿਆਚਾਰ ਦੀ ਰੀੜ੍ਹ ਦੀ ਹੱਡੀ-ਭੁਪਿੰਦਰ ਸਿੰਘ

ਹਾਸਲ ਕੀਤਾ। ਵਾਲੀਬਾਲ ਮੁਕਾਬਲਿਆਂ ਵਿਚ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਹਾਊਸ ਪਹਿਲੇ ਨੰਬਰ 'ਤੇ ਰਿਹਾ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਜੀ ਹਾਊਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਨਿਰਦੇਸ਼ਕ ਭੁਪਿੰਦਰ ਸਿੰਘ, ਪ੍ਰਧਾਨ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੱਕੜ ਅਤੇ ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ, ਵਿਸ਼ਵਕਰਮਾ ਦਿਵਸ ਅਤੇ ਭਾਈ ਦੂਜ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਤਿਉਹਾਰਾਂ ਤੋਂ ਪ੍ਰੇਰਣਾ ਲੈਣ ਲਈ ਵੀ ਪ੍ਰੇਰਿਆ। ਨਿਰਦੇਸ਼ਕ ਭੁਪਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤਿਉਹਾਰ ਸਾਡੇ ਸਭਿਆਚਾਰ ਦੀ ਰੀੜ੍ਹ ਦੀ ਹੱਡੀ ਹਨ। ਦੀਵਾਲੀ ਸਾਨੂੰ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਮੈਂ ਸਾਰੇ ਵਿਦਿਆਰਥੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਇਸ ਵਾਰ ਪਟਾਕਿਆਂ ਤੋਂ ਦੂਰ ਰਹਿ ਕੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਅਤੇ ਆਪਣੇ ਆਲੇ-ਦੁਆਲੇ ਨੂੰ ਸਵੱਛ ਅਤੇ ਖ਼ੁਸ਼ਹਾਲ ਬਣਾਉਣ ਦਾ ਪ੍ਰਣ ਲੈਣ।

ਸੈਂਟ ਕਬੀਰ ਕਾਲਜ ਆਫ਼ ਐਜੂਕੇਸ਼ਨ ਵਿਖੇ ਗਰੀਨ ਦੀਵਾਲੀ ਮਨਾਉਂਦੇ ਹੋਏ ਲਾਲ ਸਿੰਘ ਟਿਵਾਣਾ ਅਤੇ ਡਾ. ਮਨਪ੍ਰੀਤ ਕੌਰ ਅਧਿਆਪਕ ਅਤੇ ਵਿਦਿਆਰਥੀ। ਅਜੀਤ ਤਸਵੀਰ

ਸੇਂਟ ਕਬੀਰ ਕਾਲਜ ਵਿਚ ਮਨਾਈ ਈਕੋ ਫਰੈਂਡਲੀ ਦੀਵਾਲੀ

ਬਹਾਦਰਗੜ੍ਹ, 19 ਅਕਤੂਬਰ (ਕੁਲਵੀਰ ਸਿੰਘ ਧਾਲੀਵਾਲ)-ਸੇਂਟ ਕਬੀਰ ਕਾਲਜ ਆਫ਼ ਐਜੂਕੇਸ਼ਨ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਕਾਲਜ ਪ੍ਰਿੰਸੀਪਲ ਡਾ. ਮਨਪ੍ਰੀਤ ਕੌਰ ਦੀ ਅਗਵਾਈ ਹੇਠ ਮਨਾਇਆ ਗਿਆ। ਜਿਸ ਵਿਚ, ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਇਸ ਦਿਵਸ 'ਤੇ ਸਵੇਰ ਦੀ ਸਭਾ ਕਰਵਾਈ ਗਈ ਜਿਸ ਵਿਚ ਵਿਦਿਆਰਥੀਆਂ ਵਲੋਂ ਸ਼ਬਦ, ਭਾਸ਼ਣ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ ਜਿਸ ਦਾ ਪ੍ਰਮੁੱਖ ਵਿਸ਼ਾ ਗਰੀਨ ਦੀਵਾਲੀ ਸੀ। ਕਾਲਜ ਦੇ ਅਸਿਸਟੈਂਟ ਪ੍ਰੋਫੈਸਰ ਕਿਰਨਦੀਪ ਕੌਰ ਵਲੋਂ ਗਰੀਨ ਦੀਵਾਲੀ ਮਨਾਉਣ ਬਾਰੇ ਉਤਸ਼ਾਹਿਤ ਕੀਤਾ ਗਿਆ। ਵਿਦਿਆਰਥੀਆਂ ਦੁਆਰਾ ਰੰਗੋਲੀ ਅਤੇ ਦੀਵੇ ਸਜਾਉਣ ਦੀ ਪ੍ਰਤੀਯੋਗਤਾ ਕਰਵਾਈ ਗਈ। ਦੀਵਾਲੀ ਦੇ ਮੁੱਖ ਅਵਸਰ 'ਤੇ ਪ੍ਰਿੰਸੀਪਲ ਵਲੋਂ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਦੇ ਨਾਲ ਹੀ ਰੰਗੋਲੀ ਅਤੇ ਦੀਵੇ ਸਜਾਉਣ ਦੇ ਮੁਕਾਬਲੇ ਵਿਚ ਜੇਤੂ ਰਹੇ ਵਿਦਿਆਰਥੀਆਂ ਨੂੰ ਐਮ.ਡੀ. ਲਾਲ ਸਿੰਘ ਟਿਵਾਣਾ ਵਲੋਂ ਸਨਮਾਨਿਤ ਕੀਤਾ ਗਿਆ। ਵਾਇਸ ਚੇਅਰਮੈਨ ਬਲਜਿੰਦਰ ਸਿੰਘ ਮਾਨਸਾਹੀਆ, ਕਾਲਜ ਐਮ. ਡੀ. ਲਾਲ ਸਿੰਘ ਟਿਵਾਣਾ ਅਤੇ ਕਾਲਜ ਪ੍ਰਿੰਸੀਪਲ ਡਾ. ਮਨਪ੍ਰੀਤ ਕੌਰ ਵਲੋਂ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਬੰਦੀ-ਛੋੜ ਦੇ ਇਸ ਪਵਿੱਤਰ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ।

ਜਵਾਹਰ ਨਵੋਦਿਆ ਸਕੂਲ ਫਤਿਹਪੁਰ ਰਾਜਪੂਤਾਂ ਵਿਖੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੂੰ ਸਨਮਾਨਿਤ ਕਰਦੇ ਹੋਏ ਪ੍ਰਿੰਸੀਪਲ ਗੁਰਿੰਦਰ ਸਿੰਘ ਨਾਲ ਕਸ਼ਮੀਰ ਸਿੰਘ ਤੇ ਹੋਰ। ਅਜੀਤ ਤਸਵੀਰ

ਜਵਾਹਰ ਨਵੋਦਿਆ ਸਕੂਲ ਫਤਿਹਪੁਰ ਰਾਜਪੂਤਾਂ 'ਚ ਯੂਥ ਪਾਰਲੀਮੈਂਟ ਕਰਵਾਈ

ਸਨੌਰ, 19 ਅਕਤੂਬਰ (ਸੋਖਲ)-ਕੇਂਦਰ ਸਰਕਾਰ ਦੇ ਸੰਸਦੀ ਮਾਮਲਿਆਂ ਵਿਭਾਗ ਵਲੋਂ ਜਵਾਹਰ ਨਵੋਦਿਆ ਸਕੂਲ ਫਤਿਹਪੁਰ ਰਾਜਪੂਤਾਂ ਵਿਚ ਯੂਥ ਪਾਰਲੀਮੈਂਟ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿਚ ਵਿਧਾਨ ਸਭਾ ਹਲਕਾ ਸਨੌਰ ਦੇ ਸਾਬਕਾ ਵਿਧਾਇਕ ਅਤੇ ਸੀਨੀਅਰ ਆਗੂ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸ਼ਿਮਲਾ, ਕਾਂਗੜਾ ਅਤ